ਸਾਰਗ ਮਹਲਾ ੫ ॥ ਬਿਨਸੇ ਕਾਚ ਕੇ ਬਿਉਹਾਰ ॥ ਰਾਮ ਭਜੁ ਮਿਲਿ ਸਾਧਸੰਗਤਿ ਇਹੈ ਜਗ ਮਹਿ ਸਾਰ ॥੧॥ ਰਹਾਉ ॥ ਈਤ ਊਤ ਨ ਡੋਲਿ ਕਤਹੂ ਨਾਮੁ ਹਿਰਦੈ ਧਾਰਿ ॥ ਗੁਰ ਚਰਨ ਬੋਹਿਥ ਮਿਲਿਓ ਭਾਗੀ ਉਤਰਿਓ ਸੰਸਾਰ ॥੧॥ ਜਲਿ ਥਲਿ ਮਹੀਅਲਿ ਪੂਰਿ ਰਹਿਓ ਸਰਬ ਨਾਥ ਅਪਾਰ ॥ ਹਰਿ ਨਾਮੁ ਅੰਮ੍ਰਿਤੁ ਪੀਉ ਨਾਨਕ ਆਨ ਰਸ ਸਭਿ ਖਾਰ ॥੨॥੯੬॥੧੧੯॥ {ਪੰਨਾ 1227}

ਪਦਅਰਥ:- ਕਾਚ ਕੇ—ਕੱਚ ਦੇ, ਤੁੱਛ ਮਾਇਆ ਦੇ (ਜਿਸ ਨੇ ਸਾਥ ਜ਼ਰੂਰ ਛੱਡਣਾ ਹੁੰਦਾ ਹੈ)। ਮਿਲਿ—ਮਿਲ ਕੇ। ਸਾਰ—ਸ੍ਰੇਸ਼ਟ।1। ਰਹਾਉ।

ਈਤ—ਇਸ ਲੋਕ ਵਿਚ। ਊਤ—ਉਸ ਲੋਕ ਵਿਚ। ਕਤਹੂ—ਕਿਤੇ ਭੀ। ਹਿਰਦੈ—ਹਿਰਦੇ ਵਿਚ। ਬੋਹਿਥ—ਜਹਾਜ਼। ਭਾਗੀ—ਕਿਸਮਤ ਨਾਲ।1।

ਜਲਿ—ਜਲ ਵਿਚ। ਥਲਿ—ਧਰਤੀ ਵਿਚ। ਮਹੀਅਲਿ—ਮਹੀ ਤਲਿ, ਧਰਤੀ ਦੇ ਤਲ ਉੱਤੇ, ਪੁਲਾੜ ਵਿਚ, ਆਕਾਸ਼ ਵਿਚ। ਪੂਰਿ ਰਹਿਓ—ਵਿਆਪਕ ਹੈ। ਅੰਮ੍ਰਿਤ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ। ਆਨ ਰਸ—ਹੋਰ (ਸਾਰੇ) ਰਸ। ਸਭਿ—ਸਾਰੇ। ਖਾਰ—ਖਾਰੇ, ਕੌੜੇ।2।

ਅਰਥ:- ਹੇ ਭਾਈ! ਕੱਚ (-ਸਮਾਨ ਮਾਇਆ ਦੀ ਖ਼ਾਤਰ) ਸਾਰੀਆਂ ਦੌੜਾਂ-ਭੱਜਾਂ ਵਿਅਰਥ ਜਾਂਦੀਆਂ ਹਨ। ਸਾਧ ਸੰਗਤਿ ਵਿਚ ਮਿਲ ਕੇ ਪਰਮਾਤਮਾ ਦਾ ਭਜਨ ਕਰਿਆ ਕਰ। ਜਗਤ ਵਿਚ ਇਹੀ ਕੰਮ ਸ੍ਰੇਸ਼ਟ ਹੈ।1। ਰਹਾਉ।

ਹੇ ਭਾਈ! ਪਰਮਾਤਮਾ ਦਾ ਨਾਮ (ਆਪਣੇ) ਹਿਰਦੇ ਵਿਚ ਵਸਾਈ ਰੱਖ (ਇਸ ਦੀ ਬਰਕਤਿ ਨਾਲ) ਨਾਹ ਇਸ ਲੋਕ ਵਿਚ ਨਾਹ ਪਰਲੋਕ ਵਿਚ ਕਿਤੇ ਭੀ ਨਹੀਂ ਡੋਲੇਂਗਾ। ਜਿਸ ਮਨੁੱਖ ਨੂੰ ਕਿਸਮਤ ਨਾਲ ਗੁਰੂ ਦੇ ਚਰਨਾਂ ਦਾ ਜਹਾਜ਼ ਮਿਲ ਜਾਂਦਾ ਹੈ, ਉਹ ਸੰਸਾਰ (ਸਮੁੰਦਰ) ਤੋਂ ਪਾਰ ਲੰਘ ਜਾਂਦਾ ਹੈ।1।

ਹੇ ਨਾਨਕ! ਜਿਹੜਾ ਪ੍ਰਭੂ ਜਲ ਵਿਚ ਥਲ ਵਿਚ ਆਕਾਸ਼ ਵਿਚ ਭਰਪੂਰ ਹੈ, ਜੋ ਸਭ ਜੀਵਾਂ ਦਾ ਖਸਮ ਹੈ, ਜੋ, ਬੇਅੰਤ ਹੈ, ਉਸ ਦਾ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀਂਦਾ ਰਿਹਾ ਕਰ, (ਹਰਿ-ਨਾਮ-ਜਲ ਦੇ ਟਾਕਰੇ ਤੇ) ਹੋਰ ਸਾਰੇ ਰਸ ਕੌੜੇ ਹਨ।2। 96। 119।